# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 28-02-2025**

• ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ ਯੂਰੋਪੀਅਨ ਕਮਿਸ਼ਨ ਦੀ ਪ੍ਰਧਾਨ ਨਾਲ ਵਫ਼ਦ ਪੱਧਰੀ ਗੱਲਬਾਤ ਕੀਤੀ।

• ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ, ਨਸ਼ਿਆਂ ਖਿਲਾਫ਼ ਜੰਗ ਦਾ ਐਲਾਨ ਕਰਦਿਆਂ, ਪੁਲਿਸ ਅਧਿਕਾਰੀਆਂ ਨੂੰ ਤਿੰਨ ਮਹੀਨਿਆਂ ਵਿੱਚ ਸੂਬੇ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਦੇ ਹੁਕਮ ਦਿੱਤੇ

• ਕੇਂਦਰ ਸਰਕਾਰ ਨੇ ਸੂਬੇ ਦੇ ਖੇਤੀਬਾੜੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਵਿੱਚ, ਪੰਜਾਬ ਦੀ ਸ਼ਾਨਦਾਰ ਪ੍ਰਗਤੀ ਦੀ ਸ਼ਲਾਘਾ ਕੀਤੀ ਏ - ਕੇਂਦਰੀ ਖੇਤੀਬਾੜੀ ਮੰਤਰਾਲੇ ਵੱਲੋਂ, ਪੰਜਾਬ ਦੀ ਵਿੱਤ ਸਹੂਲਤ ਨੂੰ ਵਧਾ ਕੇ 7 ਹਜ਼ਾਰ 50 ਕਰੋੜ ਕੀਤਾ ਗਿਆ।

• ਪੰਜਾਬ ਭਰ ਵਿਚ ਰੁਕ ਰੁਕ ਕੇ ਮੀਹ ਜਾਰੀ ਕਈ ਥਾਈਂ ਗੜੇਮਾਰੀ ਵੀ ਹੋਈ ਅਜਿਹਾ ਮੌਸਮ ਆਉਂਦੇ ਦੀਨਾ ਵਿਚ ਜਾਰੀ ਰਹੇਗਾ

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ ਯੂਰੋਪੀਅਨ ਕਮਿਸ਼ਨ ਦੀ ਪ੍ਰਧਾਨ ਉਰਸੁਲਾ ਵਾਨਡੇਰ ਲੇਯੇਨ ਨਾਲ ਵਫ਼ਦ ਪੱਧਰੀ ਗੱਲਬਾਤ ਕੀਤੀ ।ਗੱਲਬਾਤ ਤੋਂ ਬਾਅਦ ਇੱਕ ਸਾਂਝੇ ਬਿਆਨ ਵਿੱਚ ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਭਾਰਤ ਅਤੇ ਯੂਰੋਪੀਅਨ ਸੰਘ ਦਰਮਿਆਨ ਦੋ ਦਹਾਕੇ ਪੁਰਾਣੀ ਰਣਨੀਤਕ ਭਾਈਵਾਲੀ ਬੁਨਿਆਦੀ ਅਤੇ ਕੁਦਰਤੀ ਏ ।BYTE : ਈ. ਯੂ. ਕਾਲਜ ਆਫ਼ ਕਮਿਸ਼ਨਰਜ਼ ਦਾ ਭਾਰਤ ਦਾ ਇਹ ਪਹਿਲਾ ਦੌਰਾ ਏ । ਇਸ ਦੌਰੇ ਨਾਲ ਦੋਵਾਂ ਧਿਰਾਂ ਦਰਮਿਆਨ ਦੁਵੱਲੇ ਸਬੰਧਾਂ ਨੂੰ ਹੋਰ ਮਜ਼ਬੂਤੀ ਮਿਲਣ ਦੀ ਉਮੀਦ ਏ ।

---

ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਜੇ. ਪੀ. ਨੱਡਾ ਨੇ ਕਿਹਾ ਏ ਕਿ ਇਸ ਸਾਲ ਦੇ ਅਖੀਰ ਤੱਕ ਭਾਰਤ ਤੋਂ ਤਪਦਿਕ -ਟੀ. ਬੀ. ਨੂੰ ਖ਼ਤਮ ਕਰਨ ਲਈ ਸਾਰੇ ਯਤਨ ਕੀਤੇ ਜਾ ਰਹੇ ਨੇ । ਓਡੀਸ਼ਾ ਦੇ ਪੁਰੀ ਵਿੱਚ ਭਾਰਤ ਵਿੱਚ ਜਨਤਕ ਸਿਹਤ ਦੇਖਭਾਲ ਪ੍ਰਣਾਲੀ ਵਿੱਚ ਚੰਗੇ, ਮਿਸਾਲੀ ਅਭਿਆਸਾਂ ਅਤੇ ਨਵੀਨਤਾ ਬਾਰੇ 9ਵੇਂ ਰਾਸ਼ਟਰੀ ਸੰਮੇਲਨ ਦਾ ਉਦਘਾਟਨ ਕਰਦੇ ਹੋਏ, ਸ਼੍ਰੀ ਨੱਡਾ ਨੇ ਕਿਹਾ ਕਿ 2017 ਵਿੱਚ ਸਰਕਾਰ ਦੁਆਰਾ ਨਵੀਂ ਸਿਹਤ ਨੀਤੀ ਨੂੰ ਅਪਣਾਏ ਜਾਣ ਤੋਂ ਬਾਅਦ ਬਹੁਤ ਸਾਰੇ ਸੁਧਾਰ ਹੋਏ ਹਨ। BYTE :

-----------------------------------------------------------------------

ਪੰਜਾਬ ਵਿਚ ਨਸ਼ਿਆਂ ਦੀ ਲਾਹਨਤ ਦੇ ਖਿਲਾਫ਼ ਜੰਗ ਦਾ ਐਲਾਨ ਕਰਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਤੇ ਐਸ.ਐਸ.ਪੀਜ਼ ਨੂੰ ਤਿੰਨ ਮਹੀਨਿਆਂ ਵਿੱਚ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਦੇ ਹੁਕਮ ਦਿੱਤੇ ਹਨ। ਇਕ ਮਹੀਨੇ ਬਾਅਦ ਹਰੇਕ ਐਸ.ਐਸ.ਪੀ. ਵੱਲੋਂ ਜ਼ਿਲ੍ਹੇ ਵਿੱਚ ਨਸ਼ਾ ਵਿਰੋਧੀ ਪ੍ਰੋਗਰਾਮ ਦੀ ਪ੍ਰਗਤੀ ਦਾ ਮੁਲਾਂਕਣ ਕਰਕੇ ਕਾਰਗੁਜ਼ਾਰੀ ਨਾ ਦਿਖਾਉਣ ਵਾਲਿਆਂ ਖਿਲਾਫ਼ ਸਖਤੀ ਕਾਰਵਾਈ ਕੀਤੀ ਜਾਵੇ। ਅੱਜ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਐਸ.ਐਸ.ਪੀਜ਼ ਨਾਲ ਮੀਟਿੰਗ ਦੌਰਾਨ ਵਿਚਾਰ-ਚਰਚਾ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਨਸ਼ਿਆਂ ਦੇ ਮਾਮਲਿਆਂ ਦੀ ਤੇਜ਼ੀ ਨਾਲ ਸੁਣਵਾਈ ਅਤੇ ਮੁਲਜ਼ਮਾਂ ਨੂੰ ਦੋਸ਼ੀ ਠਹਿਰਾਉਣਾ ਯਕੀਨੀ ਬਣਾਉਣ ਲਈ ਵਿਸ਼ੇਸ਼ ਫਾਸਟ ਟਰੈਕ ਅਦਾਲਤਾਂ ਦਾ ਗਠਨ ਕਰੇਗੀ। ਮੁੱਖ ਮੰਤਰੀ ਨੇ ਕਿਹਾ ਕਿ ਇਸ ਲਈ ਫੰਡਾਂ ਦੀ ਕੋਈ ਕਮੀ ਨਹੀਂ ਏ ਅਤੇ ਇਸ ਕਾਰਜ ਲਈ ਪੁਲਿਸ ਅਤੇ ਸਿਵਲ ਪ੍ਰਸ਼ਾਸਨ ਨੂੰ ਪੂਰਾ ਸਮਰਥਨ ਅਤੇ ਸਹਿਯੋਗ ਦੇਣ ਦਾ ਭਰੋਸਾ ਦਿੱਤਾ । ਉਨ੍ਹਾਂ ਕਿਹਾ ਕਿ ਸਕੂਲਾਂ ਅਤੇ ਕਾਲਜਾਂ ਵਿੱਚ ਇਸ ਦੀ ਰੋਕਥਾਮ ਲਈ ਲੋੜੀਂਦੇ ਕਦਮ ਚੁੱਕੇ ਜਾਣੇ ਚਾਹੀਦੇ ਹਨ । ਉਨ੍ਹਾਂ ਨੇ ਸਕੂਲ ਸਿਲੇਬਸ ਵਿੱਚ ਨਸ਼ੇ ਦੀ

ਸਮੱਸਿਆ ਵਿਰੁੱਧ ਕੋਰਸ ਸ਼ੁਰੂ ਕਰਨ ਦਾ ਵੀ ਐਲਾਨ ਕੀਤਾ ਜਿਸ ਲਈ ਸਿੱਖਿਆ ਵਿਭਾਗ ਵੱਲੋਂ ਲੋੜੀਂਦੇ ਕਦਮ ਚੁੱਕੇ ਜਾਣਗੇ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਇਹ ਵੀ ਯਕੀਨੀ ਬਣਾਏਗੀ ਕਿ ਨਸ਼ਾ ਤਸਕਰਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਸਰਕਾਰ ਵੱਲੋਂ ਬਿਜਲੀ, ਪਾਣੀ ਤੇ ਹੋਰ ਸਹੂਲਤਾਂ ਵਿੱਚ ਕੋਈ ਸਬਸਿਡੀ ਨਾ ਦਿੱਤੀ ਜਾਵੇ ਤਾਂ ਕਿ ਅਪਰਾਧੀਆਂ ਨਾਲ ਕਰੜੇ ਹੱਥੀਂ ਨਿਪਟਿਆ ਜਾ ਸਕੇ। ਮੁੱਖ ਮੰਤਰੀ ਨੇ ਕਿਹਾ ਕਿ ਜੇਕਰ ਨਸ਼ਾ ਤਸਕਰਾਂ ਖਿਲਾਫ ਮਿਸਾਲੀ ਕਾਰਵਾਈ ਨੂੰ ਯਕੀਨੀ ਬਣਾਉਣ ਲਈ ਨਸ਼ਿਆਂ ਨੂੰ ਰੋਕਣ ਬਾਰੇ ਐਕਟ ਵਿੱਚ ਕੋਈ ਹੋਰ ਸੋਧ ਦੀ ਲੋੜ ਪਵੇਗੀ ,ਤਾਂ ਉਹ ਇਸ ਮਸਲੇ ਨੂੰ ਕੇਂਦਰ ਸਰਕਾਰ ਕੋਲ ਉਠਾਉਣਗੇ। ਮੁੱਖ ਮੰਤਰੀ ਨੇ ਨਸ਼ਿਆਂ ਦੀ ਖਪਤ ਜਾਂ ਨਸ਼ਿਆਂ ਨੂੰ ਉਤਸ਼ਾਹਤ ਕਰਨ ਵਿੱਚ ਸ਼ਾਮਲ ਪੁਲਿਸ ਮੁਲਾਜ਼ਮਾਂ ਖਿਲਾਫ਼ ਮਿਸਾਲੀ ਕਾਰਵਾਈ ਕਰਨ ਦੇ ਹੁਕਮ ਦਿੱਤੇ। ਇਸੇ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਨਸ਼ਾ ਤਸਕਰੀ ਦੇ ਦੋਸ਼ੀਆਂ ਦੀ ਜਾਇਦਾਦ ਤੁਰੰਤ ਪ੍ਰਭਾਵ ਨਾਲ ਜ਼ਬਤ ਕੀਤੀ ਜਾਣੀ ਚਾਹੀਦੀ ਹੈ ਅਤੇ ਵਪਾਰਕ ਮੰਤਵ ਵਾਲੇ ਨਸ਼ਿਆਂ ਦੀ ਬਰਾਮਦਗੀ ਵਾਲੇ ਮਾਮਲਿਆਂ ਵਿੱਚ ਗੈਰ-ਕਾਨੂੰਨੀ ਜਾਇਦਾਦਾਂ ਨੂੰ ਸੌ ਫੀਸਦੀ ਢਾਹ ਦੇਣਾ ਚਾਹੀਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜੇਕਰ ਕੋਈ ਨਸ਼ਾ ਤਸਕਰ ਪੁਲਿਸ ਨਾਲ ਦੁਰਵਿਵਹਾਰ ਕਰਦਾ ਏ ਤਾਂ ਉਸ ਨਾਲ ਕਰੜੇ ਹੱਥੀਂ

ਨਜਿੱਠਿਆ ਜਾਣਾ ਚਾਹੀਦਾ ਏ। ਮੁੱਖ ਮੰਤਰੀ ਨੇ ਡਿਪਟੀ ਕਮਿਸ਼ਨਰਾਂ ਨੂੰ ਇਹ ਵੀ ਕਿਹਾ ਕਿ ਉਹ ਇਹ ਯਕੀਨੀ ਬਣਾਉਣ ਕਿ ਐਸ.ਡੀ.ਐਮ. ਤੇ ਫੀਲਡ ਅਧਿਕਾਰੀ ਨਸ਼ੇ ਦੇ ਆਦੀਆਂ ਖਾਸ ਕਰਕੇ ਨਸ਼ੇ ਦੀ ਓਵਰਡੋਜ਼ ਨਾਲ ਮੌਤ ਹੋਣ ਜਾਣ ਦੇ ਮਾਮਲੇ ਵਿੱਚ ਪੀੜਤਾਂ ਦੇ ਘਰ ਜਾਣ ਤਾਂ ਜੋ ਇਸ ਸਮੱਸਿਆ ਨੂੰ ਖਤਮ ਕੀਤਾ ਜਾ ਸਕੇ। ਭਗਵੰਤ ਸਿੰਘ ਮਾਨ ਨੇ ਡਿਪਟੀ ਕਮਿਸ਼ਨਰਾਂ ਨੂੰ ਇਹ ਵੀ ਯਕੀਨੀ ਬਣਾਉਣ ਲਈ ਕਿਹਾ ਕਿ ਨਸ਼ੇ ਦੀ ਓਵਰਡੋਜ਼ ਨਾਲ ਹੋਈ ਮੌਤ ਦੇ ਹਰੇਕ ਮਾਮਲੇ ਵਿੱਚ ਮੁੱਖ ਮੰਤਰੀ ਰਾਹਤ ਫੰਡ ਤੋਂ ਢੁਕਵੀਂ ਰਾਹਤ ਦਿੱਤੀ ਜਾਵੇ ਅਤੇ ਨਸ਼ੇ ਦੇ ਆਦੀਆਂ ਦੇ ਪਰਿਵਾਰਾਂ ਨੂੰ ਲੋੜੀਂਦੀ ਸਲਾਹ ਅਤੇ ਸਹਾਇਤਾ ਪ੍ਰਦਾਨ ਕੀਤੀ ਜਾਵੇ।

---------------------------------------------------------------------------

ਪੰਜਾਬ ਦੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਵਿੱਚ ਪੜ੍ਹਨ ਦੀ ਆਦਤ ਪੈਦਾ ਕਰਨ ਦੇ ਉਦੇਸ਼ ਨਾਲ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੀਆਂ ਲਾਇਬ੍ਰੇਰੀਆਂ ਲਈ ਕਿਤਾਬਾਂ ਖਰੀਦਣ ਵਾਸਤੇ 15 ਕਰੋੜ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਗਈ ਏ। ਸੂਬੇ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਸਰਕਾਰ ਵੱਲੋਂ ਸੂਬੇ ਦੇ ਹਰੇਕ ਪ੍ਰਾਇਮਰੀ ਸਕੂਲ ਲਈ 5,000 ਰੁਪਏ, ਹਰੇਕ ਮਿਡਲ ਸਕੂਲ ਲਈ 13 ਹਜ਼ਾਰ ਰੁਪਏ ਜਦੋਂਕਿ ਹਰੇਕ ਹਾਈ

ਅਤੇ ਸੀਨੀਅਰ ਸੈਕੰਡਰੀ ਸਕੂਲ ਲਈ 15 ਹਜ਼ਾਰ ਰੁਪਏ ਅਲਾਟ ਕੀਤੇ ਗਏ ਹਨ। ਸਕੂਲ ਸਿੱਖਿਆ ਮੰਤਰੀ ਨੇ ਕਿਹਾ ਕਿ ਇਹਨਾਂ ਕਿਤਾਬਾਂ ਦੀ ਖਰੀਦ ਲਈ ਸੂਚੀ ਤਿਆਰ ਕਰਨ ਵਾਸਤੇ ਮਾਹਿਰਾਂ ਦੀ ਇੱਕ ਸੂਬਾ ਪੱਧਰੀ ਕਮੇਟੀ ਗਠਿਤ ਕੀਤੀ ਗਈ ਏ । ਇਹ ਕਮੇਟੀ ਵਿਦਿਆਰਥੀਆਂ ਨੂੰ ਉੱਚ-ਗੁਣਵੱਤਾ ਅਤੇ ਵੱਖ-ਵੱਖ ਸ਼੍ਰੇਣੀਆਂ ਦੀ ਪੜ੍ਹਨ ਸਮੱਗਰੀ ਪ੍ਰਦਾਨ ਕਰਨ ਲਈ ਕਿਤਾਬਾਂ ਦੀ ਬਾਰੀਕੀ ਨਾਲ ਸਮੀਖਿਆ ਅਤੇ ਚੋਣ ਕਰੇਗੀ ਤਾਂ ਜੋ ਵਿਦਿਆਰਥੀਆਂ ਦੇ ਵਿਦਿਅਕ ਅਤੇ ਬੌਧਿਕ ਵਿਕਾਸ ਵਿੱਚ ਅਹਿਮ ਵਾਧਾ ਹੋ ਸਕੇ । ਕਿਤਾਬਾਂ ਖਰੀਦਣ ਲਯੀ ਸਬ ਤੋਂ ਵੱਧ 128 ਲਖ 37 ਹਜ਼ਾਰ ਰੁਪਏ ਦੀ ਗ੍ਰਾਂਟ ਹੁਸ਼ਿਆਰਪੁਰ ਨੂੰ, 123 ਲਖ 87 ਹਜ਼ਾਰ ਰੁਪਏ ਦੀ ਲੁਧਿਆਣਾ, 113 ਲੱਖ ਰੁਪਏ ਦੀ ਗੁਰਦਾਸਪੁਰ ਅਤੇ 107 ਲਖ 24 ਹਜ਼ਾਰ ਰੁਪਏ ਦੀ ਗ੍ਰਾਂਟ ਜਲੰਧਰ ਨੂੰ ਦਿਤੀ ਗਈ ਏ ।

---

ਕੇਂਦਰ ਸਰਕਾਰ ਵੱਲੋਂ ਸੂਬੇ ਦੇ ਖੇਤੀਬਾੜੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਵਿੱਚ ਪੰਜਾਬ ਦੀ ਸ਼ਾਨਦਾਰ ਪ੍ਰਗਤੀ ਦੀ ਸ਼ਲਾਘਾ ਕੀਤੀ ਗਈ ਏ । ਖੇਤੀਬਾੜੀ ਬੁਨਿਆਦੀ ਢਾਂਚਾ ਫੰਡ ਸਕੀਮ ਅਧੀਨ ਸੂਬੇ ਦੀ ਵਧੀਆ ਕਾਰਗੁਜ਼ਾਰੀ ਨੂੰ ਮਾਨਤਾ ਦਿੰਦਿਆਂ, ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰਾਲੇ ਵੱਲੋਂ ਪੰਜਾਬ ਦੀ ਵਿੱਤ ਸਹੂਲਤ ਨੂੰ 4

ਹਜ਼ਾਰ 713 ਕਰੋੜ ਤੋਂ ਵਧਾ ਕੇ 7 ਹਜ਼ਾਰ 50 ਕਰੋੜ ਕਰ ਦਿੱਤਾ ਗਿਆ ਏ। ਕੇਂਦਰ ਸਰਕਾਰ ਵੱਲੋਂ ਦਿੱਤੀ ਇਸ ਮਾਨਤਾ ਲਈ ਧੰਨਵਾਦ ਪ੍ਰਗਟ ਕਰਦਿਆਂ ਬਾਗਬਾਨੀ ਮੰਤਰੀ ਮੋਹਿੰਦਰ ਭਗਤ ਨੇ ਕਿਹਾ, ਅਲਾਟਮੈਂਟ ਵਿੱਚ ਕੀਤਾ ਇਹ ਵਾਧਾ ਕਿਸਾਨਾਂ ਨੂੰ ਸਸ਼ਕਤ ਬਣਾਉਣ ਪ੍ਰਤੀ ਪੰਜਾਬ ਦੀ ਵਚਨਬੱਧਤਾ ਦਾ ਪ੍ਰਮਾਣ ਏ। ਉਨ੍ਹਾਂ ਅੱਗੇ ਕਿਹਾ ਕਿ ਇਸ ਵਾਧੇ ਨਾਲ ਸੂਬੇ ਦੇ ਖੇਤੀਬਾੜੀ ਬੁਨਿਆਦੀ ਢਾਂਚੇ ਦੇ ਵਿਕਾਸ ਵਿੱਚ ਹੋਰ ਤੇਜ਼ੀ ਆਵੇਗੀ। ਉਨ੍ਹਾ ਕਿਹਾ ਕਿ ਇਸ ਵਾਧੇ ਵਿੱਚ ਕੋਲਡ ਸਟੋਰੇਜ ਸਹੂਲਤਾਂ, ਵੇਅਰਹਾਊਸਿੰਗ, ਪ੍ਰੋਸੈਸਿੰਗ ਯੂਨਿਟਾਂ ਸਥਾਪਤ ਕਰਨ ਅਤੇ ਮੁੱਲ ਵਿੱਚ ਵਾਧੇ ਸਬੰਧੀ ਪਹਿਲਕਦਮੀਆਂ ਸ਼ੁਰੂ ਕਰਨਾ ਸ਼ਾਮਲ ਏ। ਉਨ੍ਹਾਂ ਕਿਹਾ ਕਿ ਪੰਜਾਬ ਏ.ਆਈ.ਐਫ. ਸਕੀਮ ਦੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂਕਰਨ ਵਿੱਚ ਮੋਹਰੀ ਸੂਬਾ ਬਣ ਕੇ ਉਭਰਿਆ ਏ ਜਿਸ ਵਿੱਚ ਕਈ ਪ੍ਰਾਜੈਕਟ ਪਹਿਲਾਂ ਹੀ ਖੇਤੀਬਾੜੀ ਖੇਤਰ ਦੀ ਨੁਹਾਰ ਬਦਲ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀਆਂ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਦੇ ਨਾਲ ਨਾਲ ਸੂਬੇ ਦੇ ਸਮੁੱਚੇ ਖੇਤੀਬਾੜੀ ਢਾਂਚੇ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣਗੇ। ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰਾਲੇ ਨੇ ਏ.ਆਈ.ਐਫ. ਸਕੀਮ ਲਾਗੂ ਕਰਨ ਵਿੱਚ ਪੰਜਾਬ ਦੀ ਅਗਵਾਈ ਦੀ ਸ਼ਲਾਘਾ ਕੀਤੀ। ਕੇਂਦਰ ਨੇ ਇਸ ਗੱਲ 'ਤੇ ਜ਼ੋਰ ਦਿੱਤਾ

ਕਿ ਸੂਬੇ ਨੇ ਲਗਾਤਾਰ ਵਧੀਆ ਕਾਰਗੁਜ਼ਾਰੀ ਕੀਤੀ ਹੈ ਅਤੇ ਖੇਤੀਬਾੜੀ ਬੁਨਿਆਦੀ ਢਾਂਚਾ ਪ੍ਰਾਜੈਕਟ ਸਬੰਧੀ ਪ੍ਰਵਾਨਗੀਆਂ ਵਿੱਚ ਦੇਸ਼ ਭਰ ਵਿੱਚ ਚੋਟੀ ਦਾ ਸਥਾਨ ਪ੍ਰਾਪਤ ਕੀਤਾ ਏ ।

---------------------------------------------------------------------------

ਅੱਜ ਦੇਸ਼ ਭਰ ਵਿੱਚ ਰਾਸ਼ਟਰੀ ਵਿਗਿਆਨ ਦਿਵਸ ਮਨਾਇਆ ਜਾ ਰਿਹਾ ਏ । ਇਹ ਦਿਨ ਹਰ ਸਾਲ 28 ਫਰਵਰੀ ਨੂੰ ਮਹਾਨ ਭੌਤਿਕ ਵਿਗਿਆਨੀ, ਸਰ C.V. ਰਮਨ ਵਲੋਂ ਰਮਨ ਪ੍ਰਭਾਵ ਦੀ ਖੋਜ ਦੀ ਯਾਦ ਵਿੱਚ ਮਨਾਇਆ ਜਾਂਦਾ ਏ । ਇਸ ਮਹੱਤਵਪੂਰਨ ਖੋਜ ਲਈ ਉਨ੍ਹਾਂ ਨੂੰ ਸਾਲ 1930 ਵਿੱਚ ਨੋਬਲ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ ਸੀ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਰਾਸ਼ਟਰੀ ਵਿਗਿਆਨ ਦਿਵਸ 'ਤੇ ਲੋਕਾਂ ਨੂੰ ਵਧਾਈ ਦਿੱਤੀ ਏ । ਸੋਸ਼ਲ ਮੀਡੀਆ 'ਤੇ ਪੋਸਟ ਕਰਦੇ ਹੋਏ ਸ਼੍ਰੀ ਮੋਦੀ ਨੇ ਕਿਹਾ ਕਿ ਉਤਸੁਕਤਾ ਵਿਗਿਆਨ ਦੀ ਜਨਨੀ ਏ । ਪ੍ਰਧਾਨ ਮੰਤਰੀ ਨੇ ਕਿਹਾ ਕਿ ਵਿਗਿਆਨ ਅਤੇ ਗਿਆਨ ਮਿਲ ਕੇ, ਹਰ ਸਮੱਸਿਆ ਦੇ ਹੱਲ ਲਈ ਦਰਵਾਜ਼ੇ ਖੋਲ੍ਹਦੇ ਨੇ ।

---------------------------------------------------------------------------

ਸਫਾਈ ਕਰਮਚਾਰੀਆ ਬਾਰੇ ਕੌਮੀ ਕਮਿਸ਼ਨ ਦੇ ਉਪ ਪ੍ਰਧਾਨ ਅੰਜਨਾ ਪਵਾਰ ਕਿਹਾ ਕਿ ਹਰੇਕ ਪ੍ਰਾਈਵੇਟ ਅਤੇ ਸਰਕਾਰੀ ਸੰਸਥਾ ਵਿੱਚ ਕੰਮ ਕਰ ਰਹੇ ਸਫਾਈ ਕਰਮਚਾਰੀਆਂ ਨੂੰ ਪੂਰਾ ਮਾਣ-ਸਨਮਾਨ ਦੇਣਾ

ਲਾਜ਼ਮੀ ਬਣਾਇਆ ਜਾਵੇ। ਉਹ ਬਠਿੰਡਾ ਦੀ ਕੇਂਦਰੀ ਯੂਨੀਵਰਸਿਟੀ ਘੁੱਦਾ ਵਿਖੇ ਸਵੱਛ ਭਾਰਤ ਅਭਿਆਨ ਮਿਸ਼ਨ ਤਹਿਤ ਕਰਵਾਏ ਸੈਮੀਨਾਰ ਦੌਰਾਨ ਸੰਬੋਧਨ ਕਰ ਰਹੇ ਸਨ। ਵਾਇਸ ਚਾਂਸਲਰ ਪ੍ਰੋ. ਰਾਘਵੇਂਦਰ ਪੀ. ਤਿਵਾੜੀ ਨੇ ਉਨ੍ਹਾਂ ਦਾ ਸਵਾਗਤ ਕੀਤਾ। ਅੰਜਨਾ ਪਵਾਰ ਨੇ ਸੰਵਿਧਾਨ ਦੇ ਨਿਰਮਾਤਾ ਡਾਕਟਰ ਭੀਮ ਰਾਓ ਅੰਬੇਡਕਰ ਜੀ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ। ਉਨ੍ਹਾਂ ਕਿਹਾ ਕਿ ਬਿਨਾਂ ਸਫਾਈ ਸੇਵਕਾਂ ਤੋਂ ਸਵੱਛ ਅਭਿਆਨ ਪੂਰਾ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਯੂਨੀਵਰਸਿਟੀ ਦੇ ਨੁਮਾਇੰਦਿਆਂ ਨੂੰ ਸਫਾਈ ਸੇਵਕਾਂ ਦੇ ਕੰਮ ਦੀ ਕਦਰ ਅਤੇ ਉਨ੍ਹਾਂ ਨੂੰ ਪੂਰਨ ਸਤਿਕਾਰ ਦੇਣ ਲਈ ਆਖਿਆ। ਉਨ੍ਹਾਂ ਇਹ ਵੀ ਕਿਹਾ ਕਿ ਇਨ੍ਹਾਂ ਕਰਮਚਾਰੀਆਂ ਦੀ ਤਨਖਾਹ ਸਮੇਂ-ਸਮੇਂ ਪਾਉਣ ਦੇ ਨਾਲ-ਨਾਲ ਮੁਕੰਮਲ ਇੰਸ਼ੋਰੈਂਸ ਲਾਜ਼ਮੀ ਬਣਾਇਆ ਜਾਵੇ। ਉਪ ਪ੍ਰਧਾਨ ਨੇ ਕਿਹਾ ਕਿ ਸਫਾਈ ਕਰਮਚਾਰੀਆਂ ਨੂੰ ਸਾਰੀਆਂ ਮੈਡੀਕਲ ਸਹੂਲਤਾਂ ਮੁਹੱਈਆ ਕਰਵਾਉਣੀਆਂ ਲਾਜ਼ਮੀ ਬਣਾਈਆਂ ਜਾਣ।

---------------------------------------------------------------------

ਪੰਜਾਬ ਭਰ ਵਿਚ ਕਲ ਤੋਂ ਰੁਕ ਰੁਕ ਕੇ ਮੀਹ ਪੈ ਰਿਹਾ ਏ। ਅੱਜ ਵੀ ਪਟਿਆਲਾ ਤੇ ਮੋਹਾਲੀ ਸਮੇਤ ਕਿ ਥਾਈਂ ਤੇਜ ਵਰਖਾ ਹੋ ਰਹੀ ਏ ਜਦਕਿ ਕੁਝ ਥਾਵਾਂ ਤੇ ਗੜੇਮਾਰੀ ਵੀ ਹੋਈ ਏ

ਚੰਡੀਗੜ੍ਹ ਸਥਿਤ ਮੌਸਮ ਵਿਭਾਗ ਦੇ ਨਿਦੇਸ਼ਕ ਸੁਰਿੰਦਰਪਾਲ ਨੇ ਦਸਿਆ ਕਿ ਅਜਿਹਾ ਮੌਸਮ ਆਉਂਦੇ ਦਿਨਾਂ ਵਿਚ ਜਾਰੀ ਰਹੇਗਾ ।

:RNU280225

---------------------------------------------------------------------

ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ ਯੂਰੋਪੀਅਨ ਕਮਿਸ਼ਨ ਦੀ ਪ੍ਰਧਾਨ ਨਾਲ ਵਫ਼ਦ ਪੱਧਰੀ ਗੱਲਬਾਤ ਕੀਤੀ ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ, ਨਸ਼ਿਆਂ ਖਿਲਾਫ਼ ਜੰਗ ਦਾ ਐਲਾਨ ਕਰਦਿਆਂ, ਪੁਲਿਸ ਅਧਿਕਾਰੀਆਂ ਨੂੰ ਤਿੰਨ ਮਹੀਨਿਆਂ ਵਿੱਚ ਸੂਬੇ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਦੇ ਹੁਕਮ ਦਿੱਤੇ ।
- ਕੇਂਦਰ ਸਰਕਾਰ ਨੇ ਸੂਬੇ ਦੇ ਖੇਤੀਬਾੜੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਵਿੱਚ, ਪੰਜਾਬ ਦੀ ਸ਼ਾਨਦਾਰ ਪ੍ਰਗਤੀ ਦੀ ਸ਼ਲਾਘਾ ਕੀਤੀ ਏ - ਕੇਂਦਰੀ ਖੇਤੀਬਾੜੀ ਮੰਤਰਾਲੇ ਵੱਲੋਂ, ਪੰਜਾਬ ਦੀ ਵਿੱਤ ਸਹੂਲਤ ਨੂੰ ਵਧਾ ਕੇ 7 ਹਜ਼ਾਰ 50 ਕਰੋੜ ਕੀਤਾ ਗਿਆ ।
- ਪੰਜਾਬ ਭਰ ਵਿਚ ਰੁਕ ਰੁਕ ਕੇ ਮੀਹ ਜਾਰੀ ਕਈ ਥਾਈਂ ਗੜੇਮਾਰੀ ਵੀ ਹੋਈ ਅਜਿਹਾ ਮੌਸਮ ਆਉਂਦੇ ਦੀਨਾ ਵਿਚ ਜਾਰੀ ਰਹੇਗਾ